# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 21-03-2026**

*ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ*

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਡਾ ਨਾਲ ਕੀਤੀ ਮੁਲਾਕਾਤ- ਚੰਡੀਗੜ੍ਹ ਵਿੱਚ ਇੱਕ ਖੇਤਰੀ ਮੈਡੀਕਲ ਕੇਂਦਰ ਦੀ ਸਥਾਪਨਾ ਹਿਤ ਦਖ਼ਲ ਅਤੇ ਸਹਿਯੋਗ ਦੀ ਮੰਗ ਕੀਤੀ।
- ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਇੱਕ ਸੀਨੀਅਰ ਅਧਿਕਾਰੀ ਦੇ ਕਥਿਤ ਖੁਦਕੁਸ਼ੀ ਮਾਮਲੇ ਵਿੱਚ ਸੂਬੇ ਦੇ ਮੰਤਰੀ ਤੋਂ ਅਸਤੀਫਾ ਲਿਆ ਗਿਆ-ਵਿਰੋਧੀ ਪਾਰਟੀ ਦੇ ਆਗੂਆਂ ਵਲੋਂ ਸੰਬਧਤ ਮੰਤਰੀ ਖਿਲਾਫ ΦIP ਦਰਜ ਕਰਨ ਦੀ ਮੰਗ I
- ਅੱਜ ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ, ਈਦ-ਉਲ-ਫਿਤਰ ਦਾ ਤਿਉਹਾਰ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ

ਮਾਨ ਵਲੋਂ ਇਤਿਹਾਸਕ ਸ਼ਹਿਰ ਮਲੇਰਕੋਟਲਾ ਲਈ 375 ਕਰੋੜ ਰੁਪਏ ਦੇ ਵਿਕਾਸ ਫੰਡਾਂ ਦਾ ਐਲਾਨ।

- ਪੰਜਾਬ ਸਰਕਾਰ ਵੱਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਅਧੀਨ ਵਿਦਿਆਰਥੀਆਂ ਨੂੰ 219 ਕਰੋੜ  ਜਾਰੀ-ਮੌਜੂਦਾ ਵਿੱਤੀ ਸਾਲ ਦੌਰਾਨ ਢਾਈ ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਕਵਰ ਕਰਨ ਦਾ ਟੀਚਾ I

---------------------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ  ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇ.ਪੀ. ਨੱਡਾ ਨਾਲ ਮੁਲਾਕਾਤ ਕਰਕੇ ਚੰਡੀਗੜ੍ਹ ਵਿੱਚ ਇੱਕ ਖੇਤਰੀ ਮੈਡੀਕਲ ਕੇਂਦਰ ਦੀ ਸਥਾਪਨਾ ਹਿਤ ਉਨ੍ਹਾਂ ਦੇ ਦਖ਼ਲ ਅਤੇ ਸਹਿਯੋਗ ਦੀ ਬੇਨਤੀ ਕੀਤੀ। ਮੀਟਿੰਗ ਦੇ ਦੌਰਾਨ, ਪ੍ਰਸ਼ਾਸਕ ਨੇ ਕੇਂਦਰੀ ਮੰਤਰੀ ਨੂੰ ਦੱਸਿਆ ਕਿ ਤਜਵੀਜ਼ਸ਼ੁਦਾ ਖੇਤਰੀ ਮੈਡੀਕਲ ਕੇਂਦਰ ਨੂੰ ਉੱਤਰੀ ਖੇਤਰ ਲਈ ਇੱਕ ਪ੍ਰਮੁੱਖ ਰੈਫਰਲ ਅਤੇ ਤੀਜੇ ਦਰਜੇ ਦੇ ਸਿਹਤ ਸੰਭਾਲ਼ ਕੇਂਦਰ ਦੇ ਰੂਪ ਵਿੱਚ ਵਿਕਸਿਤ ਕੀਤਾ ਜਾਣਾ  ਏ। ਇਸ ਪਹਿਲ ਦਾ ਉਦੇਸ਼ ਸੁਪਰ-ਸਪੈਸ਼ਲਿਟੀ ਸਿਹਤ ਸੰਭਾਲ਼ ਸੇਵਾਵਾਂ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰਨਾ ਅਤੇ ਚੰਡੀਗੜ੍ਹ ਅਤੇ ਆਸਪਾਸ ਦੇ ਰਾਜਾਂ ਦੀਆਂ ਵਧਦੀਆਂ ਮੈਡੀਕਲ ਜ਼ਰੂਰਤਾਂ ਨੂੰ ਪੂਰਾ ਕਰਨਾ ਏ ।

ਸ਼੍ਰੀ ਕਟਾਰੀਆ ਨੇ ਦੱਸਿਆ ਕਿ ਖੇਤਰੀ ਮੈਡੀਕਲ ਕੇਂਦਰ ਦੀ ਸਥਾਪਨਾ ਦੇ ਸਬੰਧ ਵਿੱਚ ਵੇਰਵੇ ਸਮੇਤ ਤਜਵੀਜ਼ 30 ਦਸੰਬਰ, 2025 ਨੂੰ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੂੰ ਪਹਿਲਾਂ ਹੀ ਭੇਜਿਆ ਜਾ ਚੁੱਕਿਆ ਏ ਅਤੇ ਇਸ 'ਤੇ ਜਲਦੀ ਵਿਚਾਰ ਕਰਕੇ ਪ੍ਰਵਾਨਗੀ ਦੇਣ ਦੀ ਬੇਨਤੀ ਕੀਤੀ ਗਈ ਏ। ਉਨ੍ਹਾਂ ਨੇ ਕਿਹਾ ਕਿ ਇਸ ਨਾਲ ਨਾ ਸਿਰਫ ਚੰਡੀਗੜ੍ਹ ਬਲਕਿ ਗੁਆਂਢੀ ਰਾਜਾਂ ਪੰਜਾਬ ਅਤੇ ਹਰਿਆਣਾ ਨੂੰ ਵੀ ਲਾਭ ਹੋਵੇਗਾ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ, ਜਿਨ੍ਹਾਂ ਕੋਲ ਅੰਮ੍ਰਿਤਸਰ ਅਤੇ ਤਰਨਤਾਰਨ ਦਾ ਸਾਂਝਾ ਚਾਰਜ ਏ ਦੀ ਕਥਿਤ ਖ਼ੁਦਕੁਸ਼ੀ ਨਾਲ ਸਬੰਧਤ ਮਾਮਲੇ ਵਿੱਚ ਆਪਣੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਅਸਤੀਫ਼ਾ ਲੈ ਲਿਆ ਏ। ਅੱਜ ਚੰਡੀਗੜ੍ਹ ਵਿਖੇ ਮੀਡੀਆ ਨਾਲ ਗੱਲਬਾਤ ਦੌਰਾਨ ਇਸ ਦਾ ਖੁਲਾਸਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਖ਼ੁਦਕੁਸ਼ੀ ਬਾਰੇ ਪਤਾ ਲੱਗਾ ਏ ਅਤੇ ਉਨ੍ਹਾਂ ਨੇ ਕਾਰਵਾਈ ਕੀਤੀ ਏ। ਸਬੰਧਤ ਅਧਿਕਾਰੀ ਦੀ ਮੌਤ 'ਤੇ ਦੁੱਖ ਪ੍ਰਗਟ ਕਰਦੇ ਹੋਏ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਸ਼੍ਰੀ ਮਾਨ ਨੇ ਕਿਹਾ ਕਿ ਨਿਰਪੱਖ ਜਾਂਚ ਦੇ ਹੁਕਮ ਦਿੱਤੇ ਗਏ ਨੇ। BYTE:RNU210326 ਇਸ ਦੌਰਾਨ, ਵਿਰੋਧੀ ਪਾਰਟੀਆਂ ਦੇ ਆਗੂ ਸਬੰਧਤ ਮੰਤਰੀ ਦੀ ਕਥਿਤ

ਧੱਕੇਸ਼ਾਹੀ ਦੀ ਨਿੰਦਾ ਕਰਦੇ ਹੋਏ ਮੁੱਖ ਮੰਤਰੀ ਤੋਂ ਮੰਗ ਕਰ ਰਹੇ ਨੇ ਕਿ ਸ੍ਰੀ ਭੁੱਲਰ ਖਿਲਾਫ FIR ਦਰਜ ਕੀਤੀ ਜਾਵੇ। BJP ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਨੇ ਖੁਦਕੁਸ਼ੀ ਕਰਨ ਵਾਲੇ ਅਧਿਕਾਰੀ ਦੇ ਪੀੜਤ ਪਰਿਵਾਰ ਲਈ ਇਨਸਾਫ਼ ਦੀ ਮੰਗ ਕੀਤੀ ਏ । ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮੰਗ ਕੀਤੀ ਹੈ ਕਿ ਲਾਲਜੀਤ ਸਿੰਘ ਭੁੱਲਰ ਵਿਰੁੱਧ ਧਾਰਾ 302 ਤਹਿਤ FIR ਦਰਜ ਕੀਤੀ ਜਾਵੇ ਅਤੇ ਨਿਰਪੱਖ ਜਾਂਚ ਲਈ ਮਾਮਲੇ CBI ਨੂੰ ਸੌਂਪਿਆ ਜਾਵੇ। ਅੰਮ੍ਰਿਤਸਰ ਤੋਂ ਕਾਂਗਰਸ ਦੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਮੰਤਰੀ ਖਿਲਾਫ ਐਫਆਈਆਰ ਦਰਜ ਕਰਨ ਦੀ ਮੰਗ ਕਰਦੇ ਹੋਏ ਕਿਹਾ ਏ ਕਿ ਮ੍ਰਿਤਕ ਅਧਿਕਾਰੀ ਦਾ ਪੋਸਟਮਾਰਟਮ ,ਸੂਬਾ ਸਰਕਾਰ ਦੇ ਡਾਕਟਰਾਂ ਵਲੋਂ ਨਹੀਂ ਬਲਕਿ ਪੀਜੀਆਈ ਡਾਕਟਰਾਂ ਦੇ ਬੋਰਡ ਵਲੋਂ ਕਰਵਾਇਆ ਜਾਵੇ ।

---------------------------------------------------------------------------

ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ, ਈਦ-ਉਲ-ਫਿਤਰ ਦਾ ਤਿਉਹਾਰ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਹ ਤਿਉਹਾਰ ਰਮਜ਼ਾਨ ਦੇ ਮਹੀਨੇ ਦੀ ਸਮਾਪਤੀ ਨੂੰ ਦਰਸਾਉਂਦਾ ਏ। ਇਸ ਮੌਕੇ ਰਵਾਇਤੀ ਤਰੀਕੇ ਨਾਲ ਨਾਲ ਈਦਗਾਹਾਂ ਅਤੇ ਮਸਜਿਦਾਂ ਵਿੱਚ ਈਦ ਦੀ ਨਮਾਜ਼ ਅਤਾ ਕੀਤੀ ਗਈ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਈਦ-ਉਲ-ਫਿਤਰ ਦੇ ਮੌਕੇ 'ਤੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ।

--------------------------------------------------------------------------------

ਪੰਜਾਬ ਵਿੱਚ ਵੀ ਈਦ-ਉਲ-ਫਿਤਰ ਦਾ ਤਿਉਹਾਰ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਅੰਮ੍ਰਿਤਸਰ ਵਿੱਚ, ਖੈਰੁੱਦੀਨ ਜਾਮਾ ਮਸਜਿਦ  ਵਿੱਚ ਹਜ਼ਾਰਾਂ ਸ਼ਰਧਾਲੂਆਂ ਨੇ ਇਕੱਤਰ ਹੋ ਕੇ ਨਮਾਜ਼ ਅਤਾ ਕੀਤੀ ਅਤੇ ਇਕ-ਦੂਜੇ ਨੂੰ ਗਲੇ ਮਿਲ ਕੇ ਈਦ ਦੀਆਂ ਮੁਬਾਰਕਾਂ ਦਿੱਤੀਆਂ। ਨਮਾਜ਼ ਤੋਂ ਬਾਅਦ, ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਪੂਰੀ ਦੁਨੀਆ ਵਿੱਚ ਅਮਨ ਅਤੇ ਸ਼ਾਂਤੀ ਕਾਇਮ ਰਹਿਣ ਲਈ ਦੁਆ ਕੀਤੀ। ਓਧਰ ਲੁਧਿਆਣਾ ਦੀ ਇਤਿਹਾਸਿਕ ਜਾਮਾ ਮਸਜਿਦ ਵਿਖੇ ਵੀ, ਹਜ਼ਾਰਾਂ ਮੁਸਲਮਾਨਾਂ ਵੱਲੋਂ ਈਦ ਦੀ ਨਮਾਜ਼ ਅਤਾ ਕੀਤੀ ਗਈ। ਇਸ ਮੌਕੇ, ਪੰਜਾਬ ਦੇ ਸ਼ਾਹੀ ਇਮਾਮ, ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਸਾਰਿਆਂ ਨੂੰ ਈਦ ਦੀ ਮੁਬਾਰਕਬਾਦ ਦਿੰਦੇ ਦਿੰਦਿਆਂ ਕਿਹਾ ਕਿ, ਅੱਜ ਦਾ ਦਿਨ ਆਪਸੀ ਭਾਈਚਾਰੇ ਪਿਆਰ ਅਤੇ ਮੁਹੱਬਤ ਨੂੰ ਵੰਡਣ ਦਾ ਏ।ਉਹਨਾਂ ਕਿਹਾ ਕਿ ਦੁਨੀਆਂ ਭਰ ਦੇ ਲੋਕਾਂ ਨੂੰ ਜੰਗ ਦੀ ਬਜਾਏ ਅਮਨ ਸ਼ਾਂਤੀ ਅਤੇ ਭਾਈਚਾਰੇ ਦਾ ਰਸਤਾ ਅਪਣਾਉਣਾ ਚਾਹੀਦਾ ਏ। ਗੁਰਦਾਸਪੁਰ ਦੇ ਕਾਦੀਆਂ ਵਿੱਚ

ਵੀ, ਈਦ ਉਲ ਫ਼ਿਤਰ ਦਾ ਤਿਉਹਾਰ ਸ਼ਰਧਾ, ਭਾਈਚਾਰੇ ਅਤੇ ਅਮਨ ਦੇ ਸੰਦੇਸ਼ ਨਾਲ ਮਨਾਇਆ ਗਿਆ। ਸਵੇਰੇ ਤੋਂ ਹੀ ਸ਼ਹਿਰ ਦਾ ਮਾਹੌਲ ਰੂਹਾਨੀ ਰੰਗ ਵਿੱਚ ਰੰਗਿਆ ਹੋਇਆ ਦਿਖਾਈ ਦੇ ਰਿਹਾ ਏ ਅਤੇ ਲੋਕ ਵੱਡੀ ਗਿਣਤੀ ਵਿੱਚ ਮਸਜਿਦਾਂ ਵਿੱਚ ਇਕੱਤਰ ਹੋ ਰਹੇ ਨੇ। ਇਸ ਮੌਕੇ ਸ਼ਹਿਰ ਦੀਆਂ ਵੱਖ-ਵੱਖ ਮਸਜਿਦਾਂ ਵਿੱਚ ਈਦ ਦੀ ਨਮਾਜ਼ ਅਤਾ ਕੀਤੀ ਗਈ। ਖਾਸ ਤੌਰ ‘ਤੇ ਮਸਜਿਦ ਅਕਸਾ ਵਿੱਚ ਵੱਡੀ ਗਿਣਤੀ ਵਿੱਚ ਨਮਾਜ਼ੀ ਇਕੱਤਰ ਹੋਏ, ਜਿੱਥੇ ਹਾਫ਼ਿਜ਼ ਮਖਦੂਮ ਸ਼ਰੀਫ ਵੱਲੋਂ ਨਮਾਜ਼ ਅਤਾ ਕਰਵਾਈ ਗਈ। ਨਮਾਜ਼ ਦੌਰਾਨ ਇਨਸਾਨੀਅਤ ਦੀ ਭਲਾਈ, ਦੇਸ਼ ਦੀ ਤਰੱਕੀ ਅਤੇ ਵਿਸ਼ਵ ਸ਼ਾਂਤੀ ਲਈ ਖ਼ਾਸ ਦੁਆਵਾਂ ਮੰਗੀਆਂ ਗਈਆਂ। ਇਸ ਮੌਕੇ ਵੱਖ-ਵੱਖ ਸਿਆਸੀ, ਧਾਰਮਿਕ ਅਤੇ ਸਮਾਜ ਸੇਵੀ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵੀ ਈਦ ਦੀਆਂ ਵਧਾਈਆਂ ਦਿੱਤੀਆਂ। ਪਠਾਨਕੋਟ ਵਿੱਚ ਵੀ ਹੀਰਾ ਮਸਜਿਦ ਵਿੱਚ ਸਵੇਰ ਦੀ ਨਮਾਜ਼ ਅਤਾ ਕੀਤੀ ਗਈ। ਮਸਜਿਦ ਦੇ ਇਮਾਮ ਮੁਹੰਮਦ ਫੁਰਕਾਨ ਨਮਾਜ਼ ਦੀ ਅਗਵਾਈ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ, ਇਮਾਮ ਨੇ ਉਨ੍ਹਾਂ ਨੂੰ ਚੰਗੇ ਇਨਸਾਨ ਬਣਨ ਅਤੇ ਸਾਰਿਆਂ ਦੀ ਭਲਾਈ ਲਈ ਯਤਨ ਕਰਨ ਦੀ ਅਪੀਲ ਕੀਤੀ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਤਿਹਾਸਕ

ਸ਼ਹਿਰ ਮਲੇਰਕੋਟਲਾ ਲਈ 375 ਕਰੋੜ ਰੁਪਏ ਦੇ ਵਿਕਾਸ ਫੰਡਾਂ ਦਾ ਐਲਾਨ ਕੀਤਾ। ਅੱਜ ਈਦਗਾਹ ਵਿਖੇ ਲੋਕਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, '' ਈਦ-ਉਲ-ਫ਼ਿਤਰ ਇੱਕ ਦੂਜੇ ਦਾ ਭਲਾ ਮੰਗਣ ਦਾ ਤਿਉਹਾਰ ਏ ।ਉਨ੍ਹਾਂ ਐਲਾਨ ਕੀਤਾ ਕਿ ਇੱਥੇ ਇੱਕ ਮੈਡੀਕਲ ਕਾਲਜ ਬਣਾਇਆ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਲਗਭਗ 38.5 ਏਕੜ ਡਿਫੈਂਸ ਜ਼ਮੀਨ ਸਰਕਾਰ ਨੂੰ ਟ੍ਰਾਂਸਫਰ ਕਰ ਦਿੱਤੀ ਗਈ ਏ ਅਤੇ ਲਗਭਗ 563 ਕਰੋੜ ਰੁਪਏ ਦੀ ਲਾਗਤ ਨਾਲ 100 ਐਮ.ਬੀ.ਬੀ.ਐਸ. ਸੀਟਾਂ ਦੀ ਸਮਰੱਥਾ ਵਾਲਾ ਇਹ ਮੈਡੀਕਲ ਕਾਲਜ ਛੇਤੀ ਹੀ ਤਿਆਰ ਹੋ ਜਾਵੇਗਾ। ਇਸ ਦੇ ਨਾਲ ਹੀ ਲਗਭਗ 8.5 ਏਕੜ ਵਿੱਚ 150 ਬਿਸਤਰਿਆਂ ਵਾਲਾ ਈ.ਐਸ.ਆਈ. ਹਸਪਤਾਲ ਵੀ ਬਣਾਇਆ ਜਾ ਰਿਹਾ ਏ ਕਿਉਂਕਿ ਇਸ ਸਮੇਂ ਖੰਨਾ ਅਤੇ ਲੁਧਿਆਣਾ ਵਿਚਕਾਰ ਅਜਿਹਾ ਕੋਈ ਵੀ ਹਸਪਤਾਲ ਉਪਲਬਧ ਨਹੀਂ ਏ । ਇਸ ਤੋਂ ਇਲਾਵਾ ਕੁੜੀਆਂ ਦੇ ਸਕੂਲ ਲਈ ਹੁਣ ਪੰਜ ਮੰਜ਼ਿਲਾ ਇਮਾਰਤ ਤਿਆਰ ਕੀਤੀ ਗਈ ਏ। ਇਸ ਸਕੂਲ ਦਾ ਉਦਘਾਟਨ ਅਗਲੇ 15 ਤੋਂ 20 ਦਿਨਾਂ ਵਿੱਚ ਹੋਣ ਦੀ ਸੰਭਾਵਨਾ ਏ ।

-----------------------------------------------------------------------------------

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ

ਅਧੀਨ ਮੌਜੂਦਾ ਵਿੱਤੀ ਸਾਲ ਦੌਰਾਨ 1 ਲਖ 91 ਹਜ਼ਾਰ 429 ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਲਈ 219 ਕਰੋੜ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਏ। ਉਨ੍ਹਾਂ ਕਿਹਾ ਕਿ ਇਹ ਸਰਕਾਰ ਦੀ ਅਨੁਸੂਚਿਤ ਜਾਤੀਆਂ ਅਤੇ ਹੋਰ ਪਿੱਛੜੇ ਵਰਗਾਂ ਦੀ ਭਲਾਈ ਅਤੇ ਸਸ਼ਕਤੀਕਰਨ ਪ੍ਰਤੀ ਮਜ਼ਬੂਤ ਵਚਨਬੱਧਤਾ ਨੂੰ ਦਰਸਾਉਂਦਾ ਹੈ। ਡਾ. ਬਲਜੀਤ ਕੌਰ ਨੇ ਕਿਹਾ, "ਪੋਸਟ ਮੈਟ੍ਰਿਕ ਸਕਾਲਰਸ਼ਿਪ ਸਿਰਫ਼ ਵਿੱਤੀ ਸਹਾਇਤਾ ਨਹੀਂ, ਸਗੋਂ ਹਜ਼ਾਰਾਂ ਪਰਿਵਾਰਾਂ ਲਈ ਉਮੀਦ ਦੀ ਇੱਕ ਕਿਰਨ ਏ। ਕਈ ਘਰਾਂ ਲਈ ਇਹ ਸਕੀਮ ਬੱਚਿਆਂ ਨੂੰ ਉੱਚ ਸਿੱਖਿਆ ਹਾਸਲ ਕਰਨ ਅਤੇ ਆਪਣਾ ਭਵਿੱਖ ਸੁਨਹਿਰੀ ਬਣਾਉਣ ਦਾ ਮੌਕਾ ਪ੍ਰਦਾਨ ਕਰ ਰਹੀ ਏ।

ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੌਜੂਦਾ ਵਿੱਤੀ ਸਾਲ ਦੌਰਾਨ 2 ਲਖ 70 ਹਜ਼ਾਰ ਵਿਦਿਆਰਥੀਆਂ ਨੂੰ ਸਕੀਮ ਅਧੀਨ ਕਵਰ ਕਰਨ ਦਾ ਟੀਚਾ ਰੱਖਿਆ ਗਿਆ ਸੀ, ਜਦਕਿ ਹੁਣ ਤੱਕ 2 ਲਖ 72 ਹਜ਼ਾਰ 093 ਵਿਦਿਆਰਥੀਆਂ ਵੱਲੋਂ ਅਰਜ਼ੀਆਂ ਪ੍ਰਾਪਤ ਹੋ ਚੁੱਕੀਆਂ ਨੇ।

ਕੈਬਨਿਟ ਮੰਤਰੀ ਨੇ ਇਹ ਵੀ ਕਿਹਾ ਕਿ ਸਕੀਮ ਅਧੀਨ ਵਿਦਿਆਰਥੀਆਂ ਨੂੰ ਸਮੇਂ ਸਿਰ ਅਦਾਇਗੀ ਯਕੀਨੀ ਬਣਾਇਆ ਜਾ ਰਿਹਾ ਏ , ਜਿਸ ਨਾਲ ਪਿੱਛਲੇ ਸਾਲਾਂ ਦੇ ਮੁਕਾਬਲੇ ਲਾਭਪਾਤਰੀਆਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਦਰਜ ਕੀਤਾ ਜਾ ਰਿਹਾ ਏ।

---------------------------------------------------------------------

ਪੰਜਾਬ ਪੁਲਿਸ ਨੇ 10 ਹਜ਼ਾਰ ਤੋਂ ਵੱਧ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ ਤੇ ਉਨ੍ਹਾਂ ਦੀ ਡਰੱਗ ਮਨੀ ਨਾਲ ਬਣਾਈ 772 ਕਰੋੜ ਰੁਪਏ ਤੋਂ ਵੱਧ ਦੀ ਜਾਇਦਾਦ ਜ਼ਬਤ ਕੀਤੀ ਏ ਜਾਂ ਢਾਹੀ ਏ। ਪੁਲਿਸ ਨੇ ਪਿਛਲੇ ਚਾਰ ਸਾਲਾਂ ਵਿੱਚ ਸੂਬੇ ਵਿੱਚ ਵੱਖ-ਵੱਖ ਅਪਰਾਧਾਂ ਵਿਚ ਅਪਰਾਧੀਆਂ ਦੁਆਰਾ ਵਰਤੇ ਗਏ 2267 ਹਥਿਆਰ ਤੇ 650 ਤੋਂ ਵੱਧ ਵਾਹਨ ਵੀ ਬਰਾਮਦ ਕੀਤੇ ਨੇ। ਇਸ ਤੋਂ ਇਲਾਵਾ 5600 ਕਿਲੋ ਤੋਂ ਵੱਧ ਹੈਰੋਇਨ ਵੀ ਜ਼ਬਤ ਕੀਤੀ ਗਈ ਏ। ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤੋਂ ਪਹਿਲਾਂ ਤੇ ਬਾਅਦ ਵਿੱਚ ਅਪਰਾਧੀਆਂ ਵਿਰੁੱਧ ਕਾਰਵਾਈ ਤੇ ਕਾਨੂੰਨ ਵਿਵਸਥਾ ਦੀ ਸਥਿਤੀ ਬਾਰੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਵਿਚ ਦੱਸਿਆ ਕਿ ਸੂਬੇ ਨੇ ਅਪਰਾਧੀਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਏ ਤੇ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ 54 ਕਰੋੜ 47 ਲੱਖ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਐਂਟੀ-ਗੈਂਗਸਟਰ ਟਾਸਕ ਫੋਰਸ (AGTF) ਦਾ ਗਠਨ ਕਰਨ ਤੋਂ ਬਾਅਦ, ਸੂਬੇ ਵਿੱਚ 2 ਹਜ਼ਾਰ 858 ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ ਤੇ ਗੈਂਗਸਟਰਾਂ ਦੇ 1100 ਗਿਰੋਹ ਦਾ ਪਰਦਾਫਾਸ਼ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਿਦੇਸ਼ਾਂ ਤੋਂ ਕੰਮ ਕਰ ਰਹੇ ਗੈਂਗਸਟਰਾਂ ਨੂੰ

ਗ੍ਰਿਫ਼ਤਾਰ ਕਰਨ ਲਈ ਕੇਂਦਰੀ ਗ੍ਰਹਿ ਮੰਤਰਾਲੇ ਤੋਂ ਵੀ ਮਦਦ ਲੈ ਰਹੀ ਏ। ਉਨ੍ਹਾਂ ਕਿਹਾ ਕਿ ਪੰਜਾਬ ਭਰ ਦੇ ਪੁਲਿਸ ਥਾਣਿਆਂ ਨੂੰ ਨਵੇਂ ਵਾਹਨਾਂ ਤੇ ਲੋੜੀਂਦੀ ਤਕਨਾਲੋਜੀ ਨਾਲ ਅਪਗ੍ਰੇਡ ਕੀਤਾ ਗਿਆ ਏ । ਓਹਨਾ ਏਹ ਵੀ ਦੱਸਿਆ ਕਿ ਪੰਜਾਬ ਪੁਲਿਸ ਦੀ ਸੜਕ ਸੁਰਖਿਆ ਫੋਰਸ (SSF) ਨੇ ਫਰਵਰੀ 2024 ਤੋਂ ਜਨਵਰੀ 2026 ਤੱਕ ਪਿਛਲੇ ਦੋ ਸਾਲਾਂ ਵਿੱਚ 43 ਹਜ਼ਾਰ ਤੋਂ ਵੱਧ ਸੜਕ ਹਾਦਸਿਆਂ ਵਿੱਚ 47 ਹਜ਼ਾਰ ਤੋਂ ਵੱਧ ਲੋਕਾਂ ਦੀ ਮਦਦ ਕੀਤੀ ਏ ਅਤੇ ਸੁਨਹਿਰੀ ਸਮੇਂ ਦੌਰਾਨ ਲਗਭਗ 20 ਹਜ਼ਾਰ ਹਾਦਸੇ ਪੀੜਤਾਂ ਨੂੰ ਮੁੱਢਲੀ ਸਹਾਇਤਾ ਪ੍ਰਦਾਨ ਕੀਤੀ ਏ ਤਾਂ ਜੋ ਉਨ੍ਹਾਂ ਦਾ ਇਲਾਜ ਕੀਤਾ ਜਾ ਸਕੇ ।

---------------------------------------------------------------------------------

ਫਿਰੋਜ਼ਪੁਰ ਕਾਊਂਟਰ ਇੰਟੈਲੀਜੈਂਸ ਨੇ ਸੀਮਾ ਸੁਰੱਖਿਆ ਬਲ ਨਾਲ ਤਾਲਮੇਲ ਕਰਕੇ ਸਰਹੱਦ ਪਾਰੋਂ ਤਸਕਰੀ ਦੀ ਇੱਕ ਵੱਡੀ ਕੋਸ਼ਿਸ਼ ਨੂੰ ਨਾਕਾਮ ਕਰਦਿਆਂ ਫਾਜ਼ਿਲਕਾ ਦੇ ਸਰਹੱਦੀ ਪਿੰਡ ਮਹਿਤਮ ਨਗਰ, ਨੇੜੀਓਂ ਸਾਢੇ 6 ਕਿਲੋਗ੍ਰਾਮ ਹੈਰੋਇਨ ਬਰਾਮਦ ਕਰਕੇ ਕੀਤਾ ਏ । ਸੀਆਈ ਦੇ AIG ਫਿਰੋਜ਼ਪੁਰ ਗੁਰਸੇਵਕ ਸਿੰਘ ਨੇ ਦੱਸਿਆ ਕਿ ਦਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਪਾਕਿਸਤਾਨ ਅਧਾਰਤ ਤਸਕਰ ਜ਼ੀਰੋ ਲਾਈਨ ਪਾਰ ਕਰਕੇ ਸਰਹੱਦ ‘ਤੇ ਲੱਗੀ ਕੰਡਿਆਲੀ ਵਾੜ ਨੇੜੇ ਪਹੁੰਚ ਗਏ ਅਤੇ ਹਨ੍ਹੇਰੇ ਦਾ ਫਾਇਦਾ ਉਠਾ ਕੇ ਉਨ੍ਹਾਂ ਨੇ ਭਾਰਤ ਦੇ

ਖੇਤਰ ਵਿੱਚ ਨਸ਼ੀਲੇ ਪਦਾਰਥ ਭੇਜਣ ਦੀ ਕੋਸ਼ਿਸ਼ ਕੀਤੀ। ਇਸ ਘੁਸਪੈਠ ਨੂੰ ਰੋਕਣ ਲਈ ਚੌਕਸ ਬੀਐਸਐਫ ਦੇ ਜਵਾਨਾਂ ਨੇ ਕਈ ਰਾਊਂਡ ਗੋਲੀਆਂ ਚਲਾਈਆਂ, ਜਿਸ ਤੋਂ ਬਾਅਦ ਚਲਾਈ ਗਈ ਸਾਂਝੀ ਤਲਾਸ਼ੀ ਮੁਹਿੰਮ ਦੌਰਾਨ ਨਸ਼ੀਲੇ ਪਦਾਰਥ ਦੀ ਬਰਾਮਦਗੀ ਕੀਤੀ ਗਈ। ਉਨ੍ਹਾਂ ਕਿਹਾ ਕਿ ਸਮੁੱਚੇ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਸਥਾਨਕ ਤਸਕਰ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਏ । ਓਧਰ ਗੈਂਗਸਟਰ ਵਿਰੋਧੀ ਕਾਰਜ ਬਲ ਨੇ ਬਠਿੰਡਾ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਗੈਰ-ਕਾਨੂੰਨੀ ਪਿਸਤੌਲ, ਮੈਗਜ਼ੀਨ ਅਤੇ ਚਾਰ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ । ਡੀਆਈਜੀ ਗੁਰਮੀਤ ਚੌਹਾਨ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬਠਿੰਡਾ ਦੇ ਜੈਕੀ ਕੁਮਾਰ ਉਰਫ਼ ਜੈਕੀ ਅਤੇ ਵਿਕਾਸ ਅਰੋੜਾ ਵਜੋਂ ਹੋਈ ਏ । ਵਿਕਾਸ ਅਰੋੜਾ ਦਾ ਅਪਰਾਧਿਕ ਪਿਛੋਕੜ ਏ , ਜੋ ਘਰੇਲੂ ਹਿੰਸਾ ਦੇ ਇੱਕ ਮਾਮਲੇ ਵਿੱਚ ਵੀ ਸ਼ਾਮਲ ਏ । ਉਨਾ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ 'ਬਠਿੰਡਾ ਵਿੱਚ ਇੱਕ ਵਪਾਰੀ ਨੂੰ ਲੁੱਟਣ ਦੀ ਯੋਜਨਾ ਬਣਾ ਰਹੇ ਸਨ। ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਹਥਿਆਰ ਦਿੱਲੀ ਤੋਂ ਖਰੀਦੇ ਗਏ ਸਨ ਅਤੇ ਇਸ ਸਬੰਧੀ ਹੋਰ ਸਬੰਧਾਂ ਦੀ ਪੜਤਾਲ ਕੀਤੀ ਜਾ ਰਹੀ ਏ ।

---

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਡਾ ਨਾਲ ਕੀਤੀ ਮੁਲਾਕਾਤ- ਚੰਡੀਗੜ੍ਹ ਵਿੱਚ ਇੱਕ ਖੇਤਰੀ ਮੈਡੀਕਲ ਕੇਂਦਰ ਦੀ ਸਥਾਪਨਾ ਹਿਤ ਦਖ਼ਲ ਅਤੇ ਸਹਿਯੋਗ ਦੀ ਮੰਗ ਕੀਤੀ।
- ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਇੱਕ ਸੀਨੀਅਰ ਅਧਿਕਾਰੀ ਦੇ ਕਥਿਤ ਖੁਦਕੁਸ਼ੀ ਮਾਮਲੇ ਵਿੱਚ ਸੂਬੇ ਦੇ ਮੰਤਰੀ ਤੋਂ ਅਸਤੀਫਾ ਲਿਆ ਗਿਆ-ਵਿਰੋਧੀ ਪਾਰਟੀ ਦੇ ਆਗੂਆਂ ਵਲੋਂ ਸੰਬਧਤ ਮੰਤਰੀ ਖਿਲਾਫ ΦIP ਦਰਜ ਕਰਨ ਦੀ ਮੰਗ I
- ਅੱਜ ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ, ਈਦ-ਉਲ-ਫਿਤਰ ਦਾ ਤਿਉਹਾਰ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਇਤਿਹਾਸਕ ਸ਼ਹਿਰ ਮਲੇਰਕੋਟਲਾ ਲਈ 375 ਕਰੋੜ ਰੁਪਏ ਦੇ ਵਿਕਾਸ ਫੰਡਾਂ ਦਾ ਐਲਾਨ ।
- ਪੰਜਾਬ ਸਰਕਾਰ ਵੱਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਅਧੀਨ ਵਿਦਿਆਰਥੀਆਂ ਨੂੰ 219 ਕਰੋੜ ਜਾਰੀ-ਮੌਜੂਦਾ ਵਿੱਤੀ ਸਾਲ ਦੌਰਾਨ ਢਾਈ ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਕਵਰ ਕਰਨ ਦਾ ਟੀਚਾ I

*ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,*

*ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਂਗੇ*

*7 ਵੱਜਕੇ 30 ਮਿੰਟ 'ਤੇ ਨਮਸਕਾਰ !*